**ਰੇਲਵੇ ਸ਼ਟੇਸ਼ਨਾਂ 'ਤੇ ਚਲਾਇਆ ਸਰਚ ਅਭਿਆਨ**



ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਗੋਰਵ ਯਾਦਵ ਡੀ.ਜੀ.ਪੀ ਪੰਜਾਬ ਅਤੇ ਗੁਰਸ਼ਰਨ ਸਿੰਘ ਸੰਧੂ ਆਈ.ਜੀ.ਪੀ ਫਰੀਦਕੋਟ ਰੇਂਜ ਫਰੀਦਕੋਟ ਦੀਆਂ ਹਦਾਇਤਾਂ ਤਹਿਤ ਭਾਗੀਰਥ ਸਿੰਘ ਮੀਨਾ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ 'ਚ ਨਸ਼ਿਆਂ ਵਿਰੁੱਧ ਮੁਹਿੰਮ ਵਿੱਢੀ ਹੋਈ ਹੈ ਉੱਥੇ ਹੀ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਜ਼ਲਿ੍ਹੇ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਜਿਸ ਤਹਿਤ ਰਾਤ ਦਿਨ ਪੀ.ਸੀ.ਆਰ ਮੋਟਰਸਾਈਕਲ ਪੁਲਿਸ ਪਾਰਟੀਆਂ ਵੱਲੋਂ ਗਸ਼ਤ ਕੀਤੀ ਜਾ ਰਹੀ ਹੈ, ਉੱਥੇ ਹੀ ਡਰੋਨ ਕੈਮਰਿਆਂ ਰਾਹੀਂ ਸ਼ਹਿਰ ਅੰਦਰ ਨਿਗ੍ਹਾ ਰੱਖੀ ਜਾ ਰਹੀ ਹੈ। ਇਸੇ ਤਹਿਤ ਹੀ ਭਾਗੀਰਥ ਸਿੰਘ ਮੀਨਾ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ, ਲੰਬੀ ਦੇ ਏਰੀਏ 'ਚ ਪੈਂਦੇ ਸਮੂਹ ਰੇਲਵੇ ਸਟੇਸ਼ਨ ਵਿਖੇ ਕੋਡਨ ਐਂਡ ਕੈਸੋ ਆਪਰੇਸ਼ਨ  ਅਭਿਆਨ ਚਲਾਇਆ ਗਿਆ। ਇਸ ਮੌਕੇ ਕੰਵਲਪ੍ਰੀਤ ਸਿੰਘ ਚਾਹਲ ਐਸ.ਪੀ (ਐੱਚ), ਸਤਨਾਮ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ), ਫਤਿਹ ਸਿੰਘ ਬਰਾੜ ਡੀ.ਐਸ.ਪੀ (ਲੰਬੀ ), ਜਸਬੀਰ ਸਿੰਘ ਡੀ.ਐਸ.ਪੀ (ਗਿੱਦੜਬਾਹਾ), ਪਵਨਜੀਤ ਡੀ.ਐਸ.ਪੀ (ਮਲੋਟ) ਅਤੇ ਸਮੂਹ ਮੁੱਖ ਅਫਸਰਾਨ ਥਾਣਾ ਤੋਂ ਇਲਾਵਾ ਜ਼ਿਲ੍ਹੇ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਸਾਂਝੇ ਤੌਰ 'ਤੇ ਕੈਸੋ ਅਪ੍ਰੇਸ਼ਨ ਦੇ ਤਹਿਤ ਰੇਲਵੇ ਸਟੇਸ਼ਨ 'ਤੇ ਸਰਚ ਅਪ੍ਰੇਸ਼ਨ ਚਲਾਇਆ ਗਿਆ। ਇਸ ਮੌਕੇ ਪਾਇਸ ਐਪ ਦੀ ਵਰਤੋਂ ਨਾਲ ਸ਼ੱਕੀ ਪੁਰਸ਼ਾਂ ਨੂੰ ਚੈੱਕ ਕੀਤਾ ਗਿਆ। ਰੇਲਵੇ ਸਟੇਸ਼ਨ ਅਤੇ ਪਾਰਕਿੰਗ 'ਚ ਵਹੀਕਲਾਂ ਦੀ ਵਾਹਨ ਐਪ ਰਾਹੀਂ ਜਾਂਚ ਕੀਤੀ ਗਈ। ਇਸ ਮੌਕੇ ਭਾਗੀਰਥ ਸਿੰਘ ਮੀਨਾ ਐਸ.ਐਸ.ਪੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੈਸੋ ਅਪ੍ਰੇਸ਼ਨ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਸਰਚ ਅਪ੍ਰੇਸ਼ਨ ਚਲਾਇਆ ਗਿਆ ਜਿਸਤੇ ਪੁਲਿਸ ਵੱਲੋਂ ਰੇਲਵੇ ਸਟੇਸ਼ਨ ਨੂੰ ਜਾਂਦੇ ਹੋਏ ਰਸਤਿਆਂ ਨੂੰ ਨਾਕਾ ਬੰਦੀ ਕਰਕੇ ਸੀਲ ਕੀਤਾ ਗਿਆ ਅਤੇ ਵਹੀਕਲਾਂ ਦੀ ਚੈਕਿੰਗ ਕੀਤੀ ਗਈ। ਇਸਤੋਂ ਬਾਅਦ ਰੇਲਵੇ ਸਟੇਸ਼ਨ ਅੰਦਰ ਬੈਗ, ਲਵਾਰਿਸ ਸਮਾਨ, ਪਾਰਕਿੰਗ 'ਚ ਲੰਮੇ ਸਮੇਂ ਤੋਂ ਖੜੇ ਵਹੀਕਲਾਂ ਅਤੇ ਬਿਨਾਂ ਨੰਬਰ ਪਲੇਟ ਦੇ ਵਹੀਕਲਾਂ ਨੂੰ ਚੈੱਕ ਕੀਤਾ ਗਿਆ। ਉਨਾਂ੍ਹ ਕਿਹਾ ਕਿ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆਂ ਨਹੀ ਜਾਵੇਗਾ। ਉਨਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਤੁਸੀ ਕੋਈ ਜਾਣਕਾਰੀ ਸਾਡੇ ਨਾਲ ਸਾਂਝੀ ਕਰਨਾ ਚਾਹੁੰਦੇ ਹੋ ਤਾਂ ਸਾਡੇ ਹੈਲਪ ਲਾਇਨ ਨੰਬਰ 80549-42100 ਤੇ ਸਪੰਰਕ ਕਰ ਸਕਦੇ ਹੋ। ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।